# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :14-11-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ -ਚੋਣ ਵਿੱਚ, ਸੱਤਾਧਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਜੇਤੂ ਰਹੇ।

- ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਜ਼ਰੂਰਤਾਂ ਵਾਲੇ 67 ਬਾਲਗ ਵਿਅਕਤੀਆਂ ਨੂੰ ਲੀਗਲ ਗਾਰਡੀਅਨਸ਼ਿਪ ਸਰਟੀਫਿਕੇਟ ਜਾਰੀ।

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਚਾਰ ਦਿਨਾਂ 12ਵੇਂ ਮਸ਼ੀਨ ਐਕਸਪੋ ਦੀ ਸ਼ੁਰੂਆਤ।

- ਪੰਜਾਬ ਪੁਲਿਸ ਨੇ ਡੇਰਾਬੱਸੀ ਤੋਂ ਇੱਕ ਅੰਤਰ-ਰਾਜੀ ਜਾਅਲੀ ਕਰੰਸੀ ਮਾਡਿਊਲ ਦੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ -9 ਕਰੋੜ 99 ਲੱਖ ਰੁਪਏ ਦੀ ਨਕਲੀ ਅਤੇ ਬੰਦ ਹੋ ਚੁਕੇ ਕਰੰਸੀ ਨੋਟ ਜ਼ਬਤ ਕੀਤੇ।

- ਕ੍ਰਿਕਟ ਵਿੱਚ, ਭਾਰਤ ਨੇ ਕੋਲਕਾਤਾ ਦੇ Eden Gardens ਵਿੱਚ, ਦੱਖਣੀ ਅਫਰੀਕਾ ਖਿਲਾਫ ਪਹਿਲੇ ਟੈਸਟ ਮੈਚ ਦੇ ਪਹਿਲੇ ਦਿਨ ਦੀ ਖੇਡ ਖਤਮ ਹੋਣ ਤੱਕ, ਪਹਿਲੀ ਪਾਰੀ ਵਿੱਚ, ਇੱਕ ਵਿਕਟ ਦੇ ਨੁਕਸਾਨ 'ਤੇ 37 ਦੌੜਾਂ ਬਣਾਈਆਂ - ਜਦਕਿ ਦੱਖਣੀ ਅਫਰੀਕਾ ਦੀ ਟੀਮ 159 ਦੌੜਾਂ ਬਣਾ ਕੇ ਆਲ ਆਊਟ ਹੋ ਗਈ।

## ਹੁਣ ਖਬਰਾਂ ਵਿਸਥਾਰ ਨਾਲ

ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ -ਚੋਣ ਵਿੱਚ, ਸੱਤਾਧਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੂੰ ਜ਼ਿਆਦਾਤਰ ਗਿਣਤੀ ਪ੍ਰਕਿਰਿਆ ਦੌਰਾਨ ਲੀਡ ਬਣਾਈ ਰੱਖਣ ਤੋਂ ਬਾਅਦ ਜੇਤੂ ਐਲਾਨਿਆ ਗਿਆ ਏ। ਉਨ੍ਹਾਂ ਨੂੰ ਕੁੱਲ 42 ਹਜ਼ਾਰ 649 ਵੋਟਾਂ ਪਈਆਂ। ਉਨ੍ਹਾਂ ਨੇ ਆਪਣੀ ਵਿਰੋਧੀ ਸ਼੍ਰੋਮਣੀ ਅਕਾਲੀ ਦਲ ਦੀ

ਉਮੀਦਵਾਰ ਸੁਖਵਿੰਦਰ ਕੌਰ ਰੰਧਾਵਾ ਤੋਂ 12 ਹਜ਼ਾਰ 91 ਵੋਟਾਂ ਦੇ ਫਰਕ ਨਾਲ ਜਿੱਤ ਪ੍ਰਾਪਤ ਕੀਤੀ ਏ। ਉਨ੍ਹਾਂ ਨੂੰ ਕੁੱਲ  30 ਹਜ਼ਾਰ 558 ਵੋਟਾਂ ਪਈਆਂ ਸਨ। ਵਾਰਿਸ ਪੰਜਾਬ ਦੇ ਪਾਰਟੀ ਦਾ ਸਮਰਥਨ ਪ੍ਰਾਪਤ ਆਜ਼ਾਦ ਉਮੀਦਵਾਰ ਮਨਦੀਪ ਸਿੰਘ 19 ਹਜ਼ਾਰ 620 ਵੋਟਾਂ ਨਾਲ ਤੀਜੇ ਸਥਾਨ 'ਤੇ ਰਹੇ ਜਦੋਂ ਕਿ ਕਾਂਗਰਸ ਦੇ ਕਰਨ ਸਿੰਘ ਬੁਰਜ ਨੂੰ 15 ਹਜ਼ਾਰ 78 ਅਤੇ BJP ਦੇ ਹਰਜੀਤ ਸਿੰਘ ਸੰਧੂ ਨੂੰ 6 ਹਜ਼ਾਰ 239 ਵੋਟਾਂ ਮਿਲੀਆਂ। ਵਿਧਾਇਕ ਦੇ ਅਹੁਦੇ ਲਈ ਕੁੱਲ 15 ਉਮੀਦਵਾਰ ਮੈਦਾਨ ਵਿੱਚ ਸਨ। ਤਰਨਤਾਰਨ ਜ਼ਿਮਨੀ -ਚੋਣ ਲਈ ਵੋਟਾਂ ਦੀ ਗਿਣਤੀ, ਜੋ ਕਿ ਅੱਜ ਸਵੇਰੇ 8 ਵਜੇ ਸ਼ੁਰੂ ਹੋਈ, 16 ਗੇੜ ਵਿੱਚ ਪੂਰੀ ਹੋਈ। ਵੋਟਾਂ 11 ਨਵੰਬਰ ਨੂੰ ਪਈਆਂ  ਸਨ। ਵੋਟਰਾਂ ਦੀ ਗਿਣਤੀ 60.95 ਫੀਸਦੀ ਦਰਜ ਕੀਤੀ ਗਈ। ਤਰਨਤਾਰਨ ਵਿਧਾਨ ਸਭਾ ਸੀਟ ਇਸ ਸਾਲ ਜੂਨ ਵਿੱਚ ਆਮ ਆਦਮੀ ਪਾਰਟੀ ਵਿਧਾਇਕ ਕਸ਼ਮੀਰ ਸਿੰਘ ਸੋਹਲ ਦੇ ਦੇਹਾਂਤ ਮਗਰੋਂ ਬਾਅਦ ਖਾਲੀ ਹੋ ਗਈ ਸੀ।

-------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਨੇਤਾ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ, BJP ਪ੍ਰਧਾਨ ਜਗਤ ਪ੍ਰਕਾਸ਼ ਨੱਡਾ ਅਤੇ ਸੀਨੀਅਰ BJP ਨੇਤਾ ਅਮਿਤ ਸ਼ਾਹ ਨੇ ਗਠਜੋੜ ਨੂੰ ਇਤਿਹਾਸਕ ਅਤੇ ਬੇਮਿਸਾਲ ਫਤਵਾ ਦੇਣ ਲਈ, ਬਿਹਾਰ ਦੇ ਲੋਕਾਂ ਦਾ ਧੰਨਵਾਦ ਕੀਤਾ ਏ।

--------------------------------------------------

ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਜ਼ਰੂਰਤਾਂ ਵਾਲੇ ਬਾਲਗ ਵਿਅਕਤੀਆਂ ਦੀ ਭਲਾਈ ਲਈ ਮਹੱਤਵਪੂਰਣ ਕਦਮ ਚੁੱਕੇ ਜਾ ਰਹੇ ਨੇ । ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਲੜੀ ਤਹਿਤ ਇੱਕ ਮਹੀਨੇ ਦੌਰਾਨ 67 ਬਾਲਗ ਵਿਸ਼ੇਸ਼ ਜ਼ਰੂਰਤਾਂ ਵਾਲੇ ਵਿਅਕਤੀਆਂ ਨੂੰ ਲੀਗਲ ਗਾਰਡੀਅਨਸ਼ਿਪ ਸਰਟੀਫਿਕੇਟ ਜਾਰੀ ਕੀਤੇ ਗਏ ਹਨ। ਮੰਤਰੀ ਨੇ ਕਿਹਾ ਕਿ ਲੀਗਲ ਗਾਰਡੀਅਨਸ਼ਿਪ ‘ਨੈਸ਼ਨਲ ਟਰਸਟ ਐਕਟ, 1999’ ਅਧੀਨ ਇੱਕ ਅਧਿਕਾਰਤ ਕਾਨੂੰਨੀ ਪ੍ਰਕਿਰਿਆ ਏ , ਜਿਸ ਦਾ ਉਦੇਸ਼ ਆਈਟੀਜ਼ਮ, ਸੈਰੇਬਲ ਪਾਲਿਸੀ, ਦਿਮਾਗੀ ਕਮਜੋਰੀ ਅਤੇ ਜ਼ਿਆਦਾ ਦਿਵਿਆਗਤਾਂ ਵਾਲੇ ਬਾਲਗ ਵਿਅਕਤੀਆਂ ਦੀ ਭਲਾਈ, ਸੁਰੱਖਿਆ ਅਤੇ ਸਸ਼ਕਤੀਕਰਨ

ਯਕੀਨੀ ਕਰਨਾ ਏ। ਇਸ ਐਕਟ ਤਹਿਤ ਉਹਨਾਂ ਬਾਲਗ ਵਿਅਕਤੀਆਂ ਲਈ—ਜੋ ਅਸਮਰੱਥਤਾ ਕਾਰਨ ਰੋਜ਼ਾਨਾ ਦੇ ਮਹੱਤਵਪੂਰਣ ਕੰਮ ਆਜ਼ਾਦ ਢੰਗ ਨਾਲ ਨਹੀਂ ਕਰ ਸਕਦੇ। ਉਨ੍ਹਾਂ ਕਿਹਾ ਕਿ ਇਹ ਸਰਟੀਫਿਕੇਟ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਅਤੇ ਬਾਲਗਾਂ ਨੂੰ ਕਾਨੂੰਨੀ ਸੁਰੱਖਿਆ, ਹੱਕਾਂ ਦੀ ਰੱਖਿਆ ਅਤੇ ਵੱਖ-ਵੱਖ ਸਰਕਾਰੀ ਸੁਵਿਧਾਵਾਂ ਤੱਕ ਆਸਾਨ ਪਹੁੰਚ ਪ੍ਰਦਾਨ ਕਰਦੇ ਨੇ।

-------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਆਯੋਜਿਤ ਚਾਰ ਦਿਨਾਂ ਮਸ਼ੀਨ ਐਕਸਪੋ 2025 ਅੱਜ ਚੰਡੀਗੜ੍ਹ ਦੇ ਪਰੇਡ ਗਰਾਊਂਡ ਵਿਖੇ ਸ਼ੁਰੂ ਹੋਇਆ। ਇਸ ਰਾਸ਼ਟਰੀ ਸਮਾਗਮ ਦਾ ਉਦਘਾਟਨ ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਅਤੇ ਕਈ ਪ੍ਰਮੁੱਖ ਅਧਿਕਾਰੀਆਂ ਅਤੇ ਉਦਯੋਗਪਤੀਆਂ ਦੀ ਮੌਜੂਦਗੀ ਵਿੱਚ ਕੀਤਾ। ਚਾਰ ਦਿਨਾਂ ਪ੍ਰਦਰਸ਼ਨੀ 17 ਨਵੰਬਰ ਤੱਕ ਚੱਲੇਗੀ। ਪ੍ਰਦਰਸ਼ਨੀ ਵਿੱਚ 200 ਤੋਂ ਵੱਧ ਉਦਯੋਗਿਕ ਸਟਾਲ ਲਗਾਏ ਗਏ ਹਨ, ਜਿਸ ਵਿੱਚ ਮਸ਼ੀਨ ਉਪਕਰਨ , ਏ.ਆਈ

ਤਕਨਾਲੋਜੀ, ਪਲਾਸਟਿਕ ਮਸ਼ੀਨਰੀ, ਰੋਬੋਟਿਕਸ ਅਤੇ ਵੱਖ-ਵੱਖ ਸਟਾਰਟਅੱਪਸ ਤੋਂ ਨਵੀਆਂ ਕਾਢਾਂ ਦਾ ਪ੍ਰਦਰਸ਼ਨ ਕੀਤਾ ਗਿਆ ਏ। ਇਸ ਤੋਂ ਇਲਾਵਾ, ਦੇਸ਼ ਦੀਆਂ ਕਈ ਪ੍ਰਮੁੱਖ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਵਲੋਂ ਲਗਾਏ ਗਏ 30 ਅਕਾਦਮਿਕ ਸਟਾਲ ਇਸ ਸਮਾਗਮ ਵਿੱਚ ਇੱਕ ਮੁੱਖ ਆਕਰਸ਼ਣ ਨੇ ਜੋ ਇੱਕ ਵਿਕਸਤ ਭਾਰਤ ਦੇ ਦ੍ਰਿਸ਼ਟੀਕੋਣ ਤੋਂ ਪ੍ਰੇਰਿਤ ਆਪਣੇ ਵੱਕਾਰੀ ਖੋਜ, ਨਵੀਨਤਾ ਅਤੇ ਤਕਨੀਕੀ ਮਾਡਲਾਂ ਨੂੰ ਪ੍ਰਦਰਸ਼ਿਤ ਕਰਦੇ ਨੇ। ਰਾਜਪਾਲ ਨੇ ਕਿਹਾ ਕਿ ਇਹ ਪ੍ਰਦਰਸ਼ਨੀ ਉਦਯੋਗ ਅਤੇ ਅਕਾਦਮਿਕ ਸੰਸਥਾਵਾਂ ਵਲੋਂ ਵਿਕਸਤ ਤਕਨਾਲੋਜੀਆਂ ਅਤੇ ਨਵੀਨਤਾਵਾਂ ਨੂੰ ਇੱਕ ਮੰਚ 'ਤੇ ਪ੍ਰਦਰਸ਼ਿਤ ਕਰਨਾ ਮਹੱਤਵਪੂਰਨ ਉਪਰਾਲਾ ਏ।

---------------------------------------------------------

ਚੰਡੀਗੜ੍ਹ ਪ੍ਰਸ਼ਾਸਨ ਦੇ ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਵਿਭਾਗ, ਨੇ ਮਿਸ਼ਨ ਵਾਤਸਲਯਾ ਦੀ ਪ੍ਰਯੋਜਿਤ ਯੋਜਨਾ ਨੂੰ ਯੂਨੀਫਾਇਡ ਈ-ਸਰਵਿਸ ਪੋਰਟਲ 'ਤੇ ਔਨਲਾਇਨ ਕਰ ਦਿੱਤਾ ਏ। ਇਸ ਪੋਰਟਲ ਦਾ ਉਦਘਾਟਨ ਚੰਡੀਗੜ੍ਹ ਪ੍ਰਸ਼ਾਸਨ ਦੇ ਪ੍ਰਸ਼ਾਸਕ ਵਲੋਂ ਕੀਤਾ ਗਿਆ। ਮਿਸ਼ਨ ਵਾਤਸਲਯਾ ਦੇ ਤਹਿਤ ਪ੍ਰਯੋਜਿਤ ਯੋਜਨਾ ਦਾ ਉਦੇਸ਼ ਦੇਖਭਾਲ

ਅਤੇ ਸੁਰੱਖਿਆ ਦੀ ਜ਼ਰੂਰਤ ਵਾਲੇ ਬੱਚਿਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨਾ ਏ ਜਿਸ ਦੇ ਤਹਿਤ ਅਨਾਥ, ਸਿੰਗਲ-ਪੇਰੈਂਟ ਪਰਿਵਾਰ, ਦਿੱਵਯਾਂਗ ਬੱਚੇ, ਐੱਚ.ਆਈ.ਵੀ-ਏਡਸ ਤੋਂ ਪ੍ਰਭਾਵਿਤ ਬੱਚੇ, ਅਤੇ ਹੋਰ ਸੰਕਟ ਵਾਲੇ ਹਾਲਾਤ ਵਿੱਚ ਹਰ ਬੱਚੇ ਨੂੰ ਹਰ ਮਹੀਨੇ 4000 ਰੁਪਏ ਦੀ ਰਕਮ ਦਿੱਤੀ ਜਾਂਦੀ ਏ। ਔਨਲਾਇਨ ਅਰਜ਼ੀ ਪ੍ਰਣਾਲੀ ਬਿਨੈਕਾਰਾਂ ਲਈ ਪ੍ਰਕਿਰਿਆ ਨੂੰ ਸਰਲ ਬਣਾਉਣ ਲਈ ਵਿਕਸਿਤ ਕੀਤੀ ਗਈ ਹੈ, ਜਿਸ ਨਾਲ ਉਹ ਡਿਜੀਟਲ ਰੂਪ ਵਿੱਚ ਅਰਜ਼ੀਆਂ ਰਜਿਸਟਰ ਕਰ ਸਕਦੇ ਹਨ ਅਤੇ ਜਮ੍ਹਾਂ ਕਰ ਸਕਦੇ ਹਨ, ਜ਼ਰੂਰੀ ਸਹਾਇਕ ਦਸਤਾਵੇਜ਼ ਅਪਲੋਡ ਕਰ ਸਕਦੇ ਨੇ। ਚੰਡੀਗੜ੍ਹ ਦੇ ਨਿਵਾਸੀ ਹੁਣ serviceonline.gov.in 'ਤੇ ਚੰਡੀਗੜ੍ਹ ਪ੍ਰਸ਼ਾਸਨ ਦੇ ਯੂਨੀਫਾਇਡ ਈ-ਸਰਵਿਸ ਪੋਰਟਲ ਦੇ ਜ਼ਰੀਏ ਇਸ ਦਾ ਲਾਭ ਲੈ ਸਕਦੇ ਹਨ।

---------------------------------------------------------------

ਪੰਜਾਬ ਪੁਲਿਸ ਨੇ ਇੱਕ ਅੰਤਰ-ਰਾਜੀ ਜਾਅਲੀ ਕਰੰਸੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਡੇਰਾਬੱਸੀ ਤੋਂ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 9 ਕਰੋੜ 99 ਲਖ ਰੁਪਏ ਦੀ ਨਕਲੀ ਅਤੇ

ਬੰਦ ਹੋ ਚੁਕੇ ਕਰੰਸੀ ਨੋਟ ਜ਼ਬਤ ਕੀਤੇ ਨੇ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਬਰਾਮਦ ਕੀਤੇ ਗਏ ਨੋਟਾਂ ਵਿੱਚ 11 ਲਖ 5 ਹਜ਼ਾਰ  ਅਸਲੀ ਪੁਰਾਣੀ ਨੋਟ ਅਤੇ 9 ਕਰੋੜ 88 ਲਖ ਰੁਪਏ ਦੀ ਨਕਲੀ ਕਰੰਸੀ ਸ਼ਾਮਲ ਏ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਹਰਿਆਣਾ ਦੇ ਕੁਰੂਕਸ਼ੇਤਰ ਵਾਸੀ ਸਚਿਨ ਅਤੇ ਗੁਰਦੀਪ ਵਜੋਂ ਹੋਈ ਏ। ਉਹ ਨਕਲੀ ਨੋਟਾਂ ਦੇ ਬੰਡਲਾਂ ਉੱਪਰ ਅਸਲ ਕਰੰਸੀ ਰੱਖ ਕੇ ਲੋਕਾਂ ਨੂੰ ਠਗਣ ਦਾ ਨਵਾਂ ਤਰੀਕਾ ਵਰਤ ਰਹੇ ਸਨ। ਉਹ ਪੰਜਾਬ, ਹਰਿਆਣਾ ਅਤੇ ਰਾਜਸਥਾਨ ਵਿੱਚ ਕਈ ਧੋਖਾਧੜੀ ਅਤੇ ਜਾਅਲਸਾਜ਼ੀ ਮਾਮਲਿਆਂ ਨਾਲ ਜੁੜੇ ਹੋਏ ਹਨ।

---------------------------------------------------------------

ਉਧਰ ਸੂਬਾ ਵਿਸ਼ੇਸ਼ ਆਪ੍ਰੇਸ਼ਨ ਸੈੱਲ ਅੰਮ੍ਰਿਤਸਰ ਨੇ ਕਾਊਂਟਰ ਇੰਟੈਲੀਜੈਂਸ ਪਠਾਨਕੋਟ ਨਾਲ ਸਾਂਝੇ ਆਪ੍ਰੇਸ਼ਨ ਵਿੱਚ,ਇੱਕ ਗੈਂਗਸਟਰ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਤਿੰਨ ਕਾਰਕੁਨਾਂ ਨੂੰ ਦੋ ਪਿਸਤੌਲਾਂ ਤੇ 15 ਜ਼ਿੰਦਾ ਕਾਰਤੂਸ ਸਮੇਤ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ  ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ

ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ, ਅਰਮੀਨੀਆ-ਅਧਾਰਤ ਲੋੜੀਂਦੇ ਗੈਂਗਸਟਰ ਰਾਜਾ ਹਾਰੂਵਾਲ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਹਨ, ਜੋ ਬਰਾਮਦ ਕੀਤੇ ਗਏ ਹਥਿਆਰਾਂ ਦੀ ਡਿਲੀਵਰੀ ਦਾ ਪ੍ਰਬੰਧ ਕਰਦਾ ਏ। ਇਹ ਮਾਡਿਊਲ ਹਥਿਆਰਾਂ ਅਤੇ ਪੈਸੇ ਦਾ ਲੈਣ ਦੇਣ ਕਰਦਾ ਏ ਅਤੇ ਜਬਰੀ ਵਸੂਲੀ ਲਈ ਰੇਕੀ ਕਰਦਾ ਏ। ਤਿੰਨਾਂ ਦਾ ਅਪਰਾਧਿਕ ਪਿਛੋਕੜ ਏ  ਜਿਨ੍ਹਾਂ 'ਤੇ ਬਟਾਲਾ,  ਗੁਰਦਾਸਪੁਰ ਅਤੇ ਅੰਮ੍ਰਿਤਸਰ ਵਿੱਚ ਅਗਵਾ, ਕਤਲ ਦੀ ਕੋਸ਼ਿਸ਼ ਅਤੇ ਗੈਰ-ਕਾਨੂੰਨੀ ਹਥਿਆਰ ਰੱਖਣ ਨਾਲ ਸਬੰਧਤ ਮਾਮਲੇ ਦਰਜ ਨੇ। ਅੰਮ੍ਰਿਤਸਰ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਏ।

--------------------------------------------------

ਅੱਜ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਦਾ ਜਨਮ ਦਿਨ ਏ . ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਬਾਲ ਦਿਵਸ ਦੇ ਮੌਕੇ 'ਤੇ ਰਾਸ਼ਟਰਪਤੀ ਭਵਨ ਸੱਭਿਆਚਾਰਕ ਕੇਂਦਰ ਵਿਖੇ ਵੱਖ-ਵੱਖ ਸਕੂਲਾਂ ਅਤੇ ਸੰਗਠਨਾਂ ਦੇ ਬੱਚਿਆਂ ਨਾਲ ਗੱਲਬਾਤ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਬੱਚੇ ਦੇਸ਼ ਦਾ

ਭਵਿੱਖ ਹਨ ਅਤੇ ਉਨ੍ਹਾਂ ਨੂੰ ਆਤਮ-ਵਿਸ਼ਵਾਸੀ ਅਤੇ ਜ਼ਿੰਮੇਵਾਰ ਨਾਗਰਿਕਾਂ ਵਜੋਂ ਵਿਕਸਤ ਕਰਨਾ ਮਹੱਤਵਪੂਰਨ ਏ। ਰਾਸ਼ਟਰਪਤੀ ਨੇ ਬੱਚਿਆਂ ਨਾਲ ਕੁਝ ਖੁਸ਼ੀ ਦੇ ਪਲ ਵੀ ਸਾਂਝੇ ਕੀਤੇ, ਅਤੇ ਉਨ੍ਹਾਂ ਵਿੱਚੋਂ ਕੁਝ ਨੇ ਵੰਦੇ ਮਾਤਰਮ ਗਾਇਆ ਅਤੇ ਕਵਿਤਾਵਾਂ ਸੁਣਾਈਆਂ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਬਕਾ ਪ੍ਰਧਾਨ ਮੰਤਰੀ ਪੰਡਿਤ ਜਵਾਹਰ ਲਾਲ ਨਹਿਰੂ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਯਾਦ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਦੇਸ਼ ਦੇ ਪਹਿਲੇ ਪ੍ਰਧਾਨ ਮੰਤਰੀ ਨੂੰ ਸ਼ਰਧਾਂਜਲੀ ਭੇਂਟ ਕੀਤੀ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਇਸ ਮੌਕੇ ਬੱਚਿਆਂ ਨੂੰ ਵਧਾਈ ਦਿੱਤੀ ਏ |

---------------------------------------------------------

ਵਿਸ਼ਵ DIABETES ਭਾਵ ਸ਼ੂਗਰ ਦਿਵਸ 'ਤੇ, ਵਿਸ਼ਵ ਸਿਹਤ ਸੰਗਠਨ ਦੇ ਦੱਖਣ-ਪੂਰਬੀ ਏਸ਼ੀਆ ਖੇਤਰ ਨੇ ਵਧ ਰਹੇ ਸ਼ੂਗਰ ਦੀ ਬੀਮਾਰੀ ਦੇ ਬੋਝ ਨੂੰ ਹੱਲ ਕਰਨ ਲਈ ਤੁਰੰਤ ਅਤੇ ਤਾਲਮੇਲ ਵਾਲੀ ਕਾਰਵਾਈ ਦੀ ਮੰਗ ਕੀਤੀ ਏ। ਇਹ ਖੇਤਰ ਹੁਣ 27 ਕਰੋੜ 90 ਲਖ ਤੋਂ ਵੱਧ ਬਾਲਗਾਂ ਨੂੰ ਪ੍ਰਭਾਵਿਤ ਕਰਦਾ ਏ। ਵਿਸ਼ਵ ਪੱਧਰ 'ਤੇ, ਤਿੰਨ ਵਿੱਚੋਂ ਇੱਕ ਵਿਅਕਤੀ

ਸ਼ੂਗਰ ਤੋਂ ਪੀੜਤ ਏ। ਇਸ ਸਾਲ ਦਾ ਵਿਸ਼ਾ "ਜੀਵਨ ਦੇ ਵੱਖ-ਵੱਖ ਪੜਾਵਾਂ 'ਤੇ ਸ਼ੂਗਰ - ਰੱਖਿਆ ਗਿਆ ਏ। WHO ਦੇ ਦੱਖਣ-ਪੂਰਬੀ ਏਸ਼ੀਆ ਅਧਿਕਾਰੀ-ਇੰਚਾਰਜ, ਡਾ. ਕੈਥਰੀਨਾ ਬੋਹਮ, ਨੇ ਕਿਹਾ ਕਿ ਦੇਰ ਨਾਲ ਪਛਾਣ ਨਾਕਾਫ਼ੀ ਇਲਾਜ ਅਤੇ ਮਾੜੇ ਬਲੱਡ ਗਲੂਕੋਜ਼ ‘ਤੇ ਕਾਬੂ ਕਾਰਨ ਸ਼ੂਗਰ ਇੱਕ ਗੰਭੀਰ ਚੁਣੌਤੀ ਬਣੀ ਹੋਈ ਏ। ਓਹਨਾਂ ਇਹ ਵੀ ਸਮਝਾਇਆ ਕਿ ਪੂਰੇ ਖੇਤਰ ਵਿੱਚ ਸ਼ੂਗਰ ਵਾਲੇ ਤਿੰਨ ਵਿੱਚੋਂ ਸਿਰਫ਼ ਇੱਕ ਬਾਲਗ ਇਲਾਜ ਪ੍ਰਾਪਤ ਕਰਦਾ ਏ, ਅਤੇ 15 ਫੀਸਦੀ ਤੋਂ ਘੱਟ ਆਪਣੇ ਬਲੱਡ ਗਲੂਕੋਜ਼ ਨੂੰ ਕੰਟਰੋਲ ਕਰਨ ਦੇ ਯੋਗ ਹੁੰਦੇ ਨੇ. ਵਿਸ਼ਵ ਸਿਹਤ ਸੰਗਠਨ ਮੁਤਾਬਿਕ, ਸ਼ੂਗਰ ਵਾਲੇ ਬੱਚਿਆਂ ਨੂੰ ਘਰ ਅਤੇ ਸਕੂਲ ਵਿੱਚ ਸਮੇਂ ਸਿਰ, ਵਿਸ਼ੇਸ਼ ਸਹਾਇਤਾ ਦੀ ਲੋੜ ਹੁੰਦੀ ਏ, ਗਰਭਵਤੀ ਔਰਤਾਂ ਨੂੰ ਆਪਣੀ ਅਤੇ ਆਪਣੇ ਬੱਚਿਆਂ ਦੀ ਸਿਹਤ ਦੀ ਰੱਖਿਆ ਲਈ ਢੁਕਵੇਂ ਪ੍ਰਬੰਧਨ ਦੀ ਲੋੜ ਹੁੰਦੀ ਏ, ਅਤੇ ਵੱਡੀ ਉਮਰ ਦੇ ਬਾਲਗਾਂ ਨੂੰ ਨਿਰੰਤਰ ਮਾਰਗਦਰਸ਼ਨ ਦੀ ਲੋੜ ਹੁੰਦੀ ਏ। ਸੰਗਠਨ ਨੇ ਕਿਹਾ ਕਿ ਭਾਵੇਂ ਟਾਈਪ-1 ਸ਼ੂਗਰ ਨੂੰ ਰੋਕਿਆ ਨਹੀਂ ਜਾ ਸਕਦਾ, ਪਰ ਟਾਈਪ-2 ਸ਼ੂਗਰ ਦੇ ਜੋਖਮ ਨੂੰ ਨਿਯਮਤ ਸਰੀਰਕ ਗਤੀਵਿਧੀ, ਸੰਤੁਲਿਤ ਖੁਰਾਕ,

ਅਤੇ ਢੁਕਵੀਂ ਦਵਾਈ ਅਤੇ ਜੀਵਨ ਸ਼ੈਲੀ ਵਿੱਚ ਬਦਲਾਅ ਦੁਆਰਾ ਘਟਾਇਆ ਜਾ ਸਕਦਾ ਏ ਤੇ, ਇਸ ਨੂੰ ਰੋਕਣ ਵਿੱਚ ਮਦਦ ਮਿਲ ਸਕਦੀ ਏ।

---------------------------------------------------

ਹਿੰਦੀ ਸਿਨੇਮਾ ਦੀਆਂ ਸਭ ਤੋਂ ਪੁਰਾਣੀਆਂ ਅਤੇ ਉਘੀਆਂ ਅਦਾਕਾਰਾ ਵਿੱਚੋਂ ਇੱਕ, ਕਾਮੀਨੀ ਕੌਸ਼ਲ ਦਾ ਕੱਲ੍ਹ ਰਾਤ ਮੁੰਬਈ ਵਿੱਚ ਦੇਹਾਂਤ ਹੋ ਗਿਆ। ਉਹ 98 ਸਾਲ ਦੇ ਸਨ । ਇੱਕ ਨਜ਼ਦੀਕੀ ਪਰਿਵਾਰਕ ਦੋਸਤ ਨੇ ਇਸ ਖ਼ਬਰ ਦੀ ਪੁਸ਼ਟੀ ਕੀਤੀ। ਸ਼੍ਰੀਮਤੀ ਕੌਸ਼ਲ, ਜਿਸਨੇ 1946 ਦੀ ਇਤਿਹਾਸਕ ਕਲਾਸਿਕ ਫਿਲਮ 'ਨੀਚਾ ਨਗਰ' ਨਾਲ ਆਪਣਾ ਫਿਲਮੀ ਸਫ਼ਰ ਸ਼ੁਰੂ ਕੀਤਾ ਸੀ, ਸੱਤ ਦਹਾਕਿਆਂ ਤੋਂ ਵੱਧ ਸਮੇਂ ਤੱਕ ਸਕ੍ਰੀਨ 'ਤੇ ਸਰਗਰਮ ਰਹੇ । ਇੱਕ ਵਾਰ ਇੰਡਸਟਰੀ ਵਿੱਚ ਸਭ ਤੋਂ ਵੱਧ ਕਮਾਈ ਕਰਨ ਵਾਲੀਆਂ ਅਭਿਨੇਤਰੀਆਂ ਵਿੱਚੋਂ ਇੱਕ, ਉਸਨੇ ਦਿਲੀਪ ਕੁਮਾਰ, ਦੇਵ ਆਨੰਦ ਅਤੇ ਰਾਜ ਕਪੂਰ ਸਮੇਤ ਪ੍ਰਸਿੱਧ ਅਦਾਕਾਰਾਂ ਨਾਲ ਕੰਮ ਕੀਤਾ, ਹਿੰਦੀ ਸਿਨੇਮਾ ਦੇ ਸੁਨਹਿਰੀ ਯੁੱਗ ਦਾ ਇੱਕ ਪ੍ਰਮੁੱਖ ਚਿਹਰਾ ਬਣ ਗਈ। ਉਨ੍ਹਾਂ ਆਪਣੇ ਨੱਬੇ ਦੇ ਦਹਾਕੇ ਵਿੱਚ ਵੀ ਚੰਗੀ ਅਦਾਕਾਰੀ ਜਾਰੀ

ਰੱਖੀ। ਉਨ੍ਹਾਂ ਦੀ ਆਖਰੀ ਸਕ੍ਰੀਨ ਪੇਸ਼ਕਾਰੀ 2022 ਵਿਚ ਆਮਿਰ ਖਾਨ ਦੀ ਲਾਲ ਸਿੰਘ ਚੱਢਾ ਫਿਲਮ ਵਿੱਚ ਰਹੀ ।

------------------------------------------------------

ਜਲੰਧਰ ਪੁਲਿਸ ਕਮਿਸ਼ਨਰ ਵਲੋਂ ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਸਬੰਧੀ ਹੁਕਮ ਜਾਰੀ ਕੀਤੇ ਗਏ ਨੇ । ਜਨਤਕ ਐਮਰਜੈਂਸੀ ਨੂੰ ਛੱਡ ਕੇ ਸਾਇਲੈਂਸ ਜ਼ੋਨਾਂ ਜਾਂ ਰਿਹਾਇਸ਼ੀ ਖੇਤਰਾਂ ਅੰਦਰ ਰਾਤ 10 ਵਜੇ ਤੋਂ ਸਵੇਰੇ 6 ਵਜੇ ਤੱਕ ਹਾਰਨ ਵਜਾਉਣ ’ਤੇ ਪਾਬੰਦੀ ਰਹੇਗੀ । ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ਼ੋਰ ਪ੍ਰਦੂਸ਼ਣ ਦੀ ਰੋਕਥਾਮ ਦੇ ਮੱਦੇਨਜ਼ਰ ਸੁਪਰੀਮ ਕੋਰਟ ਦੇ ਹੁਕਮਾਂ ਦੇ ਹਵਾਲੇ ਨਾਲ ਪੁਲਿਸ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਤਹਿਤ ਇਹ ਹੁਕਮ ਦਿੱਤੇ ਗਏ ਹਨ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਏ ਕਿ ਮਿਊਜ਼ਿਕ ਸਿਸਟਮ ਵਾਲੇ ਵਾਹਨਾਂ ਦੇ ਮਾਮਲੇ ਵਿੱਚ ਇਹ ਯਕੀਨੀ ਬਣਾਇਆ ਜਾਣਾ ਚਾਹੀਦਾ ਏ ਕਿ ਮਿਊਜ਼ਿਕ ਸਿਸਟਮ ਰਾਹੀਂ ਪੈਦਾ ਹੋਣ ਵਾਲੀ ਆਵਾਜ਼ ਦਿਨ ਦੇ ਕਿਸੇ ਵੀ ਸਮੇਂ ਵਾਹਨ ਤੋਂ ਬਾਹਰ ਨਾ ਸੁਣਾਈ ਦੇਵੇ। ਜੇਕਰ ਇਨ੍ਹਾਂ ਹੁਕਮਾਂ

ਦੀ ਉਲੰਘਣਾ ਪਾਈ ਜਾਂਦੀ ਏ ਤਾਂ ਅਜਿਹਾ ਕਰਨ ਵਾਲੇ ਸਾਊਂਡ ਯੰਤਰ ਜ਼ਬਤ ਕਰ ਲਏ ਜਾਣਗੇ। ਇਹ ਹੁਕਮ ਅਗਲੇ ਸਾਲ 8 ਜਨਵਰੀ ਤੱਕ ਲਾਗੂ ਰਹੇਗਾ।

-----------------------------------------------------------

ਕ੍ਰਿਕਟ ਵਿੱਚ, ਭਾਰਤ ਨੇ ਕੋਲਕਾਤਾ ਦੇ Eden Gardens ਵਿੱਚ, ਦੱਖਣੀ ਅਫਰੀਕਾ ਖਿਲਾਫ ਪਹਿਲੇ ਟੈਸਟ ਮੈਚ ਦੇ ਪਹਿਲੇ ਦਿਨ ਦੀ ਖੇਡ ਖਤਮ ਹੋਣ ਤੱਕ, ਆਪਣੀ ਪਹਿਲੀ ਪਾਰੀ ਵਿੱਚ, ਇੱਕ ਵਿਕਟ ਦੇ ਨੁਕਸਾਨ 'ਤੇ 37 ਦੌੜਾਂ ਬਣਾ ਲਈਆਂ ਨੇ। ਖੇਡ ਖ਼ਤਮ ਹੋਣ ਸਮੇਂ, ਕੇ.ਐਲ ਰਾਹੁਲ 13 ਦੌੜਾਂ ਅਤੇ ਵਾਸ਼ਿੰਗਟਨ ਸੁੰਦਰ 6 ਦੌੜਾਂ ਨਾਲ ਕ੍ਰੀਜ਼ 'ਤੇ ਸਨ। ਇਸ ਤੋਂ ਪਹਿਲਾਂ, ਦੱਖਣੀ ਅਫਰੀਕਾ ਦੀ ਟੀਮ ਆਪਣੀ ਪਹਿਲੀ ਪਾਰੀ ਵਿੱਚ, 159 ਦੌੜਾਂ ਬਣਾ ਕੇ ਆਊਟ ਹੋ ਗਈ। ਦੱਖਣੀ ਅਫਰੀਕਾ ਨੇ ਟਾਸ ਜਿੱਤ ਕੇ, ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ।

---

- ਤਰਨਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ -ਚੋਣ ਵਿੱਚ, ਸੱਤਾਧਾਰੀ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ  ਜੇਤੂ ਰਹੇ।

- ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਜ਼ਰੂਰਤਾਂ ਵਾਲੇ 67 ਬਾਲਗ ਵਿਅਕਤੀਆਂ ਨੂੰ ਲੀਗਲ ਗਾਰਡੀਅਨਸ਼ਿਪ ਸਰਟੀਫਿਕੇਟ ਜਾਰੀ ।

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਚਾਰ ਦਿਨਾਂ 12ਵੇਂ ਮਸ਼ੀਨ ਐਕਸਪੋ ਦੀ ਸ਼ੁਰੂਆਤ।

- ਪੰਜਾਬ ਪੁਲਿਸ ਨੇ ਡੇਰਾਬੱਸੀ ਤੋਂ ਇੱਕ ਅੰਤਰ-ਰਾਜੀ ਜਾਅਲੀ ਕਰੰਸੀ ਮਾਡਿਊਲ ਦੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ -9 ਕਰੋੜ 99 ਲੱਖ ਰੁਪਏ ਦੀ ਨਕਲੀ ਅਤੇ ਬੰਦ ਹੋ ਚੁਕੇ ਕਰੰਸੀ ਨੋਟ ਜ਼ਬਤ ਕੀਤੇ।

- ਕ੍ਰਿਕਟ ਵਿੱਚ, ਭਾਰਤ ਨੇ ਕੋਲਕਾਤਾ ਦੇ Eden Gardens ਵਿੱਚ, ਦੱਖਣੀ ਅਫਰੀਕਾ ਖਿਲਾਫ ਪਹਿਲੇ ਟੈਸਟ ਮੈਚ ਦੇ ਪਹਿਲੇ ਦਿਨ ਦੀ ਖੇਡ ਖਤਮ ਹੋਣ ਤੱਕ, ਪਹਿਲੀ ਪਾਰੀ ਵਿੱਚ, ਇੱਕ ਵਿਕਟ ਦੇ ਨੁਕਸਾਨ 'ਤੇ 37 ਦੌੜਾਂ ਬਣਾਈਆਂ - ਜਦਕਿ ਦੱਖਣੀ ਅਫਰੀਕਾ ਦੀ ਟੀਮ 159 ਦੌੜਾਂ ਬਣਾ ਕੇ ਆਲ ਆਊਟ ਹੋ ਗਈ।

---------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**